# Press Note

**Jagat Guru Nanak Dev**
**Punjab State Open University, Patiala**
(Established by Act No.19 of 2019 of Legislature of the State of Punjab)

**PSOU/PRO/2026/216** **Date: 06-01-2026**

## ਵੀ.ਸੀ. ਪ੍ਰੋ. ਰਤਨ ਸਿੰਘ ਨੇ ਪੰਜਾਬ ਦੇ ਰਾਜਪਾਲ ਨਾਲ ਮੁਲਾਕਾਤ

**06 ਜਨਵਰੀ 2026**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਵਾਈਸ-ਚਾਂਸਲਰ ਪ੍ਰੋ. ਰਤਨ ਸਿੰਘ ਨੇ ਪਜਾਬ ਦੇ ਮਾਨਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਯੂਨੀਵਰਸਿਟੀ ਦੇ ਅਕਾਦਮਿਕ, ਖੋਜ ਅਤੇ ਵਿਦਿਆਰਥੀ ਭਲਾਈ ਨਾਲ ਸੰਬੰਧਿਤ ਮਹੱਤਵਪੂਰਨ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਪ੍ਰੋ. ਰਤਨ ਸਿੰਘ ਨੇ ਮਾਨਯੋਗ ਰਾਜਪਾਲ ਨੂੰ ਯੂਨੀਵਰਸਿਟੀ ਵਿੱਚ ਚੱਲ ਰਹੀਆਂ ਨਵੀਆਂ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ, ਜਿਸ ਵਿੱਚ ਖ਼ਾਸ ਤੌਰ 'ਤੇ ਓਪਨ ਅਤੇ ਡਿਸਟੈਂਸ ਐਜੂਕੇਸ਼ਨ (Open and Distance Education) ਦੇ ਵਿਕਾਸ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰਣਾਲੀ ਰਾਹੀਂ ਦੂਰ-ਦਰਾਜ਼ ਇਲਾਕਿਆਂ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਨਾਲ ਜੋੜਨ ਲਈ ਨਵੇਂ ਮੌਕੇ ਪੈਦਾ ਕੀਤੇ ਜਾ ਰਹੇ ਹਨ। ਮਾਨਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਯੂਨੀਵਰਸਿਟੀ ਦੇ ਉਪਰਾਲਿਆਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਓਪਨ ਅਤੇ ਡਿਸਟੈਂਸ ਐਜੂਕੇਸ਼ਨ ਰਾਹੀਂ ਸਿੱਖਿਆ ਦਾ ਪ੍ਰਸਾਰ ਵਧੇਗਾ ਅਤੇ ਹੋਰ ਵਿਦਿਆਰਥੀ ਇਸ ਦਾ ਲਾਭ ਲੈ ਸਕਣਗੇ। ਉਨ੍ਹਾਂ ਨੇ ਯੂਨੀਵਰਸਿਟੀ ਨੂੰ ਨਵੀਂ ਤਕਨਾਲੋਜੀ ਅਤੇ ਆਧੁਨਿਕ ਸਿੱਖਿਆ ਪੱਧਤੀਆਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

06/01/26

ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

## News Clips



**VC Prof. Rattan Singh Calls on Punjab Governor**

PROF. Rattan Singh, Vice-Chancellor, met Hon'ble Governor of Punjab, Gulab Chand Kataria, and apprised him of the contributions of Jagat Guru Nanak Dev Punjab State Open University, Patiala in increasing girl child enrolment in border districts, providing concessions to minorities, educating jail inmates, and combating drug abuse. He highlighted academic support through Regional Centres and Learner Support Centres in Zira and Tarn Taran, free education for specially-abled learners, digital learning, mentoring and contemporary courses. Discussions focused on strengthening academic infrastructure, faculty capacity, research, innovation and student support in sensitive border regions.

## Photo



## Links

https://www.instagram.com/p/DTLO9wpj4pP/?utm_source=ig_web_button_share_sheet

https://www.facebook.com/share/17Z13hrP6a/